ਕਲਿਆਨੁ ਮਹਲਾ ੪ ॥ ਹਰਿ ਜਨੁ ਗੁਨ ਗਾਵਤ ਹਸਿਆ ॥ ਹਰਿ ਹਰਿ ਭਗਤਿ ਬਨੀ ਮਤਿ ਗੁਰਮਤਿ ਧੁਰਿ ਮਸਤਕਿ ਪ੍ਰਭਿ ਲਿਖਿਆ ॥੧॥ ਰਹਾਉ ॥ ਗੁਰ ਕੇ ਪਗ ਸਿਮਰਉ ਦਿਨੁ ਰਾਤੀ ਮਨਿ ਹਰਿ ਹਰਿ ਹਰਿ ਬਸਿਆ ॥ ਹਰਿ ਹਰਿ ਹਰਿ ਕੀਰਤਿ ਜਗਿ ਸਾਰੀ ਘਸਿ ਚੰਦਨੁ ਜਸੁ ਘਸਿਆ ॥੧॥ ਹਰਿ ਜਨ ਹਰਿ ਹਰਿ ਹਰਿ ਲਿਵ ਲਾਈ ਸਭਿ ਸਾਕਤ ਖੋਜਿ ਪਇਆ ॥ ਜਿਉ ਕਿਰਤ ਸੰਜੋਗਿ ਚਲਿਓ ਨਰ ਨਿੰਦਕੁ ਪਗੁ ਨਾਗਨਿ ਛੁਹਿ ਜਲਿਆ ॥੨॥ ਜਨ ਕੇ ਤੁਮ੍ ਹਰਿ ਰਾਖੇ ਸੁਆਮੀ ਤੁਮ੍ ਜੁਗਿ ਜੁਗਿ ਜਨ ਰਖਿਆ ॥ ਕਹਾ ਭਇਆ ਦੈਤਿ ਕਰੀ ਬਖੀਲੀ ਸਭ ਕਰਿ ਕਰਿ ਝਰਿ ਪਰਿਆ ॥੩॥ ਜੇਤੇ ਜੀਅ ਜੰਤ ਪ੍ਰਭਿ ਕੀਏ ਸਭਿ ਕਾਲੈ ਮੁਖਿ ਗ੍ਰਸਿਆ ॥ ਹਰਿ ਜਨ ਹਰਿ ਹਰਿ ਹਰਿ ਪ੍ਰਭਿ ਰਾਖੇ ਜਨ ਨਾਨਕ ਸਰਨਿ ਪਇਆ ॥੪॥੨॥ {ਪੰਨਾ 1319}

ਪਦ ਅਰਥ:- ਹਰਿ ਜਨੁ—ਪਰਮਾਤਮਾ ਦਾ ਭਗਤ (ਇਕ-ਵਚਨ)। ਹਸਿਆ—ਖਿੜਿਆ ਰਹਿੰਦਾ ਹੈ, ਪ੍ਰਸੰਨ-ਚਿੱਤ ਰਹਿੰਦਾ ਹੈ। ਬਨੀ—ਫਬਦੀ ਹੈ, ਪਿਆਰੀ ਲੱਗਦੀ ਹੈ। ਧੁਰਿ—ਧੁਰ ਤੋਂ, ਧੁਰ ਦਰਗਾਹ ਤੋਂ, ਪਹਿਲਾਂ ਤੋਂ ਹੀ। ਮਸਤਕਿ—ਮੱਥੇ ਉੱਤੇ। ਪ੍ਰਭਿ—ਪ੍ਰਭੂ ਨੇ।1। ਰਹਾਉ।

ਪਗ—ਪੈਰ, ਚਰਨ (ਬਹੁ-ਵਚਨ)। ਸਿਮਰਉ—ਸਿਮਰਉਂ, ਮੈਂ ਸਿਮਰਦਾ ਹਾਂ। ਮਨਿ—ਮਨ ਵਿਚ। ਕੀਰਤਿ—ਸਿਫ਼ਤਿ-ਸਾਲਾਹ। ਜਗਿ—ਜਗਤ ਵਿਚ। ਸਾਰੀ—ਸ੍ਰੇਸ਼ਟ। ਘਸਿ—ਘਸ ਕੇ, ਰਗੜ ਖਾ ਕੇ (ਸੁਗੰਧੀ ਦੇਂਦਾ ਹੈ)। ਜਸੁ—ਸਿਫ਼ਤਿ-ਸਾਲਾਹ। ਘਸਿਆ—(ਮਨੁੱਖ ਦੇ ਹਿਰਦੇ ਵਿਚ) ਰਗੜ ਖਾਂਦਾ ਹੈ (ਤੇ, ਨਾਮ ਦੀ ਸੁਗੰਧੀ ਖਿਲਾਰਦਾ ਹੈ)।1।

ਹਰਿ ਜਨ—ਪਰਮਾਤਮਾ ਦੇ ਭਗਤ (ਬਹੁ-ਵਚਨ)। ਲਿਵ ਲਾਈ—ਸੁਰਤਿ ਜੋੜੀ। ਸਭਿ—ਸਾਰੇ। ਸਾਕਤ—ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖ। ਖੋਜਿ ਪਇਆ—ਖਹਿੜੇ ਪੈ ਜਾਂਦੇ ਹਨ, ਨਿੰਦਾ-ਈਰਖਾ ਕਰਦੇ ਹਨ। ਕਿਰਤ—ਕੀਤੇ ਹੋਏ ਕੰਮ। ਕਿਰਤ ਸੰਜੋਗਿ—ਪਿਛਲੇ ਕੀਤੇ ਕਰਮਾਂ ਦੇ ਸੰਜੋਗ ਨਾਲ, ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਦੇ ਅਸਰ ਹੇਠ। ਚਲਿਓ—ਜੀਵਨ-ਤੋਰ ਤੁਰਦਾ ਹੈ। ਪਗੁ—ਪੈਰ। ਨਾਗਨਿ—ਸਪਣੀ, (ਮਾਇਆ) ਸਪਣੀ। ਜਲਿਆ—ਸੜ ਗਿਆ।2।

ਸੁਆਮੀ—ਹੇ ਸੁਆਮੀ! ਜੁਗਿ ਜੁਗਿ—ਹਰੇਕ ਜੁਗ ਵਿਚ, ਸਦਾ ਹੀ। ਕਹਾ ਭਇਆ—ਕੀਹ ਹੋਇਆ? ਕੁਝ ਨਾਹ ਵਿਗਾੜ ਸਕਿਆ। ਦੈਤਿ—ਦੈਂਤ ਨੇ। ਬਖੀਲੀ—ਈਰਖਾ। ਝਰਿ ਪਰਿਆ—ਝੜ ਪਿਆ, ਡਿੱਗ ਪਿਆ, ਆਤਮਕ ਮੌਤੇ ਮਰ ਗਿਆ।3।

ਜੇਤੇ—ਜਿਤਨੇ ਭੀ। ਪ੍ਰਭਿ—ਪ੍ਰਭੂ ਨੇ। ਸਭਿ—ਸਾਰੇ। ਕਾਲੈ ਮੁਖਿ—ਕਾਲ ਦੇ ਮੂੰਹ ਵਿਚ। ਗ੍ਰਸਿਆ—ਫੜਿਆ ਗਿਆ, ਫਸੇ ਹੋਏ ਹਨ। ਰਾਖੇ—ਰੱਖਿਆ ਕੀਤੀ।4।

ਅਰਥ:- ਹੇ ਭਾਈ! ਪਰਮਾਤਮਾ ਦਾ ਭਗਤ ਪਰਮਾਤਮਾ ਦੇ ਗੁਣ ਗਾਂਦਿਆਂ ਪ੍ਰਸੰਨ-ਚਿੱਤ ਰਹਿੰਦਾ ਹੈ, ਗੁਰੂ ਦੀ ਮਤਿ ਉਤੇ ਤੁਰ ਕੇ ਪਰਮਾਤਮਾ ਦੀ ਭਗਤੀ ਉਸ ਨੂੰ ਪਿਆਰੀ ਲੱਗਦੀ ਹੈ। ਪ੍ਰਭੂ ਨੇ (ਹੀ) ਧੁਰ ਦਰਗਾਹ ਤੋਂ ਉਸ ਦੇ ਮੱਥੇ ਉੱਤੇ ਇਹ ਲੇਖ ਲਿਖਿਆ ਹੁੰਦਾ ਹੈ।1। ਰਹਾਉ।

ਹੇ ਭਾਈ! ਮੈਂ ਦਿਨ ਰਾਤ ਗੁਰੂ ਦੇ ਚਰਨਾਂ ਦਾ ਧਿਆਨ ਧਰਦਾ ਹਾਂ, (ਗੁਰੂ ਦੀ ਕਿਰਪਾ ਨਾਲ ਹੀ) ਪਰਮਾਤਮਾ ਮੇਰੇ ਮਨ ਵਿਚ ਆ ਵੱਸਿਆ ਹੈ। ਹੇ ਭਾਈ! ਪਰਮਾਤਮਾ ਦੀ ਸਿਫ਼ਤਿ-ਸਾਲਾਹ ਜਗਤ ਵਿਚ (ਸਭ ਤੋਂ) ਸ੍ਰੇਸ਼ਟ (ਪਦਾਰਥ) ਹੈ, (ਜਿਵੇਂ) ਚੰਦਨ ਰਗੜ ਖਾ ਕੇ (ਸੁਗੰਧੀ ਦੇਂਦਾ ਹੈ, ਤਿਵੇਂ ਪਰਮਾਤਮਾ ਦਾ) ਜਸ (ਮਨੁੱਖ ਦੇ ਹਿਰਦੇ ਨਾਲ) ਰਗੜ ਖਾਂਦਾ ਹੈ (ਤੇ, ਨਾਮ ਦੀ ਸੁਗੰਧੀ ਖਿਲਾਰਦਾ ਹੈ)।1।

ਹੇ ਭਾਈ! ਪਰਮਾਤਮਾ ਦੇ ਭਗਤ ਸਦਾ ਪਰਮਾਤਮਾ ਵਿਚ ਸੁਰਤਿ ਜੋੜੀ ਰੱਖਦੇ ਹਨ, ਪਰ ਪਰਮਾਤਮਾ ਤੋਂ ਟੁੱਟੇ ਹੋਏ ਸਾਰੇ ਮਨੁੱਖ ਉਹਨਾਂ ਨਾਲ ਈਰਖਾ ਕਰਦੇ ਹਨ। (ਪਰ ਸਾਕਤ ਮਨੁੱਖ ਦੇ ਭੀ ਕੀਹ ਵੱਸ?) ਜਿਵੇਂ ਜਿਵੇਂ ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਦੇ ਅਸਰ ਹੇਠ ਨਿੰਦਕ ਮਨੁੱਖ (ਨਿੰਦਾ ਵਾਲੀ) ਜੀਵਨ ਤੋਰ ਤੁਰਦਾ ਹੈ (ਤਿਉਂ ਤਿਉਂ ਉਸ ਦਾ ਆਤਮਕ ਜੀਵਨ ਈਰਖਾ ਦੀ ਅੱਗ ਨਾਲ) ਛੁਹ ਕੇ ਸੜਦਾ ਜਾਂਦਾ ਹੈ (ਜਿਵੇਂ ਕਿਸੇ ਮਨੁੱਖ ਦਾ) ਪੈਰ ਸਪਣੀ ਨਾਲ ਛੁਹ ਕੇ (ਸਪਣੀ ਦੇ ਡੰਗ ਮਾਰਨ ਤੇ ਉਸ ਦੀ) ਮੌਤ ਹੋ ਜਾਂਦੀ ਹੈ।2।

ਹੇ (ਮੇਰੇ) ਮਾਲਕ-ਪ੍ਰਭੂ! ਆਪਣੇ ਭਗਤਾਂ ਦੇ ਤੁਸੀ ਆਪ ਰਾਖੇ ਹੋ, ਹਰੇਕ ਜੁਗ ਵਿਚ ਤੁਸੀ (ਆਪਣੇ ਭਗਤਾਂ ਦੀ) ਰੱਖਿਆ ਕਰਦੇ ਆਏ ਹੋ। (ਹਰਨਾਖਸ) ਦੈਂਤ ਨੇ (ਭਗਤ ਪ੍ਰਹਿਲਾਦ ਨਾਲ) ਈਰਖਾ ਕੀਤੀ, ਪਰ (ਉਹ ਦੈਂਤ ਭਗਤ ਦਾ) ਕੁਝ ਵਿਗਾੜ ਨਾਹ ਸਕਿਆ। ਉਹ ਸਾਰੀ (ਦੈਂਤ-ਸਭਾ ਹੀ) ਈਰਖਾ ਕਰ ਕਰ ਕੇ ਆਪਣੀ ਆਤਮਕ ਮੌਤ ਸਹੇੜਦੀ ਗਈ।3।

ਹੇ ਭਾਈ! ਜਿਤਨੇ ਭੀ ਜੀਅ-ਜੰਤ ਪ੍ਰਭੂ ਨੇ ਪੈਦਾ ਕੀਤੇ ਹੋਏ ਹਨ, ਇਹ ਸਾਰੇ ਹੀ (ਪਰਮਾਤਮਾ ਤੋਂ ਵਿਛੁੜ ਕੇ) ਆਤਮਕ ਮੌਤ ਦੇ ਮੂੰਹ ਵਿਚ ਫਸੇ ਰਹਿੰਦੇ ਹਨ। ਹੇ ਦਾਸ ਨਾਨਕ! ਆਪਣੇ ਭਗਤਾਂ ਦੀ ਪ੍ਰਭੂ ਨੇ ਸਦਾ ਹੀ ਆਪ ਰੱਖਿਆ ਕੀਤੀ ਹੈ, ਭਗਤ ਪ੍ਰਭੂ ਦੀ ਸਰਨ ਪਏ ਰਹਿੰਦੇ ਹਨ।4।2।